# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :27-12-2025**

ਅੱਜ ਸਰਬੰਸ ਦਾਨੀ, ਖ਼ਾਲਸਾ ਪੰਥ ਦੇ ਸਾਜਣਹਾਰ ਅਤੇ ਅੰਮ੍ਰਿਤ ਦੇ ਦਾਤੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਪੂਰੀ ਧਾਰਮਿਕ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ। ਇਸ ਪਾਵਨ ਮੌਕੇ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਦੇਸ਼ਾਂ-ਵਿਦੇਸ਼ਾਂ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ ਅਤੇ ਸਰਬਤ ਦੇ ਭਲੇ ਲਈ ਅਰਦਾਸਾਂ ਕੀਤੀਆਂ। ਪ੍ਰਕਾਸ਼ ਪੁਰਬ ਮੌਕੇ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਅਤੇ ਗੁਰੂਦੁਆਰਾ ਬਾਬਾ ਅੱਟਲ ਰਾਏ ਸਾਹਿਬ ਵਿਖੇ ਪਵਿੱਤਰ ਜਲੌਅ ਸਜਾਏ ਜਾ ਰਹੇ ਨੇ । ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅੱਜ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਤਿਸ਼ਬਾਜੀ ਨਹੀਂ ਕੀਤੀ ਜਾਵੇਗੀ ਅਤੇ ਦੀਪਮਾਲਾ ਵੀ ਸੰਕੇਤਕ ਰੂਪ 'ਚ ਕੀਤੀ ਜਾਵੇਗੀ ।

---------------------------------------------

ਇਸੇ ਦੌਰਾਨ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਤਿੰਨ ਦਿਨਾਂ ਸ਼ਹੀਦੀ ਜੋੜ ਮੇਲ ਦੇ ਆਖ਼ਰੀ ਦਿਨ ਅੱਜ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਵਿਸ਼ਾਲ ਸ਼ਹੀਦੀ ਨਗਰ ਕੀਰਤਨ ਸਜਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਇਸ ਨਗਰ ਕੀਰਤਨ ਦੇ ਬਾਅਦ ਦਪਹਿਰ ਗੁਰਦੁਆਰਾ ਜੋਤੀ ਸਰੂਪ ਸਾਹਿਬ ਵਿਖੇ ਪੁੱਜਣ ’ਤੇ ਇਹ ਤਿੰਨ ਦਿਨਾਂ ਸ਼ਹੀਦੀ ਸਭਾ ਰਸਮੀ ਤੌਰ ’ਤੇ ਸਮਾਪਤ ਹੋ ਜਾਵੇਗੀ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦਾ ਕੀਰਤਨ ਹੋਇਆ ਅਤੇ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਇਤਿਹਾਸ ’ਤੇ ਚਾਨਣਾ ਪਾਇਆ। ਨਗਰ ਕੀਰਤਨ ਸਮੇਂ ਵੱਡੀ ਗਿਣਤੀ

ਵਿਚ ਸੰਗਤਾਂ, ਪ੍ਰਮੁੱਖ ਸ਼ਖ਼ਸੀਅਤਾਂ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਧਰਤੀ ’ਤੇ ਪੁੱਜੀਆਂ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਗੱਤਕਾ ਅਖਾੜਿਆਂ ਨੇ ਸਿੱਖ ਮਾਰਸ਼ਲ ਆਰਟ ਗੱਤਕਾ ਦੇ ਜੰਗਜੂ ਜੌਹਰ ਦਿਖਾਉਂਦਿਆਂ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਜਿਥੇ ਭਰਵਾਂ ਸਵਾਗਤ ਕੀਤਾ ਗਿਆ, ਉਥੇ ਹੀ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ।

--------------------------------------------------

ਪੰਜਾਬ ਦੇ ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਸੰਜੀਵ ਅਰੋੜਾ ਨੇ ਸੂਬੇ ਭਰ ਦੇ ਲਘੂ, ਛੋਟੇ ਅਤੇ ਦਰਮਿਆਨੇ ਉੱਦਮਾਂ (ਐਮ.ਐਸ.ਐਮ.ਈ.) ਲਈ ਸਹਾਇਕ, ਪਾਰਦਰਸ਼ੀ ਅਤੇ ਸੁਖਾਵਾਂ ਵਾਤਾਵਰਣ ਸਿਰਜਣ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਏ। ਚੰਡੀਗੜ੍ਹ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਐਮ.ਐਸ.ਐਮ.ਈ. ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ

ਉਪਾਵਾਂ ’ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਇਸ ਉੱਦਮ ਲਈ ਮਜ਼ਬੂਤ ਨੀਤੀ ਜ਼ਰੀਏ ਸਹਾਇਤਾ, ਸਰਲ ਅਤੇ ਸਮਾਂਬੱਧ ਨਿਆਮਕ ਪ੍ਰਕਿਰਿਆਵਾਂ ਅਤੇ ਇਨਵੈਸਟ ਪੰਜਾਬ ਰਾਹੀਂ ਪ੍ਰੋਜੈਕਟਾਂ ਨੂੰ ਤੁਰੰਤ ਮਨਜ਼ੂਰੀਆਂ ਅਤੇ ਸੁਚਾਰੂ ਢੰਗ ਨਾਲ ਇਨ੍ਹਾਂ ਦੇ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ ਸਹਾਇਤਾ ਦੇਣਾ ਸ਼ਾਮਲ ਏ। ਉਨ੍ਹਾਂ ਦੱਸਿਆ ਕਿ ਐਮ.ਐਸ.ਐਮ.ਈ. ਪੰਜਾਬ ਦੀ ਉਦਯੋਗਿਕ ਆਰਥਿਕਤਾ ਦੀ ਰੀੜ੍ਹ ਨੇ ਜੋ ਰੋਜ਼ਗਾਰ ਦੇ ਨਵੇਂ ਮੌਕੇ ਸਿਰਜਣ, ਨਵੀਨਤਾ ਅਤੇ ਸੰਤੁਲਿਤ ਖੇਤਰੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ।

---------------------------------------------------------------

ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਏ ਕਿ ਸੂਬਾ ਸਰਕਾਰ ਜੇਲ੍ਹ ਵਿਭਾਗ ਅੰਦਰ ਆਪਣੀਆਂ ਮਾਨਵਪੱਖੀ ਪਹਿਲਕਦਮੀਆਂ ਦਾ ਵਿਸਥਾਰ ਕਰਨ, ਤਕਨਾਲੋਜੀ ਰਾਹੀਂ ਸੁਰੱਖਿਆ ਵਧਾਉਣ, ਅਤੇ ਕੈਦੀਆਂ ਨੂੰ ਹੁਨਰਾਮੰਦ ਬਣਾਉਣ ਲਈ ਕਿੱਤਾਮੁਖੀ ਸਿਖਲਾਈ ਨੂੰ ਵਧਾਉਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਚਾਲੂ ਵਰ੍ਹੇ ਦੌਰਾਨ ਪੰਜਾਬ ਦੀਆਂ ਜੇਲ੍ਹਾਂ ਨੂੰ ਸਾਫ ਸੁਥਰੇ ਵਾਤਾਵਰਨ ਤੋਂ ਲੈ ਕੇ ਉੱਚ-ਤਕਨੀਕੀ

ਸੁਰੱਖਿਆ ਤੱਕ ਮੁੜ ਪਰਿਭਾਸ਼ਿਤ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਸਾਡਾ ਧਿਆਨ ਕੈਦੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ ਉਨ੍ਹਾਂ ਦੇ ਜੀਵਨ ਨੂੰ ਦੁਬਾਰਾ ਬਣਾਉਣ ਦਾ ਮੌਕਾ ਦੇਣ ’ਤੇ ਰਿਹਾ ਏ। ਸਾਲ 2025 ਦੀਆਂ ਮੁੱਖ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਕੈਦੀਆਂ ਨੂੰ ਖੇਡ ਭਾਵਨਾ ਅਤੇ ਸਰੀਰਕ ਤੰਦਰੁਸਤੀ ਵੱਲ ਪ੍ਰੇਰਿਤ ਕਰਨ ਲਈ ਪੰਜਾਬ ਜੇਲ੍ਹ ਓਲੰਪਿਕ ਆਯੋਜਿਤ ਕੀਤੇ ਗਏ ਨੇ। ਉਨ੍ਹਾਂ ਦੱਸਿਆ ਕਿ ਜੇਲ੍ਹਾਂ ‘ਚ ਪੌਦੇ ਲਾਉਣ ਦੀ ਮੁਹਿੰਮ ਨੇ ਬਹੁਤ ਸਾਰੀਆਂ ਥਾਵਾਂ ਨੂੰ ਹਰਿਆਲੀ ਵਾਲੀਆਂ ਥਾਵਾਂ ਵਿੱਚ ਬਦਲ ਦਿੱਤਾ , ਜਿਸ ਨਾਲ "ਸਫ਼ਾਈ ਅਤੇ ਹਰਿਆਲੀ" ਦ੍ਰਿਸ਼ਟੀਕੋਣ ਨੂੰ ਹੋਰ ਮਜ਼ਬੂਤੀ ਮਿਲੀ ਏ।

---

ਮੋਹਾਲੀ ਨਗਰ ਨਿਗਮ ਹਰ ਸਾਲ ਵਾਂਗ ਇਸ ਵਾਰ ਵੀ ਠੰਢ ਦੇ ਮੌਸਮ ਦੌਰਾਨ ਸ਼ਹਿਰੀ ਖੇਤਰ ਦੇ ਬੇਘਰ ਲੋਕਾਂ ਲਈ ਆਸਰਾ ਅਤੇ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣ ਦੀ ਪਹਿਲ ਜਾਰੀ ਰੱਖ ਰਿਹੈ । ਨਿਗਮ ਕਮਿਸ਼ਨਰ ਪਰਮਿੰਦਰ ਪਾਲ ਸਿੰਘ ਨੇ ਦੱਸਿਆ ਕਿ ਇਹ ਪਹਿਲ ਬੇਘਰੇ

ਨਾਗਰਿਕਾਂ ਦੀ ਭਲਾਈ ਤੇ ਸੁਰੱਖਿਆ ਪ੍ਰਤੀ ਨਿਗਮਾਂ ਦੀ ਵਚਨਬੱਧਤਾ ਨੂੰ ਦਰਸਾਉਂਦੀ ਏ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਫੇਜ਼-6 ਸਥਿਤ ਨਾਈਟ ਸ਼ੈਲਟਰ ਵਿਚ ਸੁਧਾਰ ਕਰ ਕੇ ਇਸ ਨੂੰ ਪੂਰੀ ਤਰ੍ਹਾਂ ਕਾਰਗਰ ਬਣਾਇਆ ਗਿਆ ਏ, ਤਾਂ ਜੋ ਲੋੜਵੰਦ ਲੋਕਾਂ ਨੂੰ ਸੁਰੱਖਿਅਤ, ਸਾਫ਼-ਸੁਥਰਾ ਅਤੇ ਸਨਮਾਨਜਨਕ ਠਹਿਰਾਅ ਮੁਹੱਈਆ ਕਰਵਾਇਆ ਜਾ ਸਕੇ।

---------------------------------------------------

ਭਾਰਤ ਨੇ ਬੀਤੀ ਰਾਤ ਤਿਰੂਵਨੰਤਪੁਰਮ ਵਿੱਚ ਔਰਤਾਂ ਦੇ ਤੀਜੇ 20-20 ਅੰਤਰਰਾਸ਼ਟਰੀ ਮੈਚ ਵਿੱਚ ਸ੍ਰੀਲੰਕਾ ਨੂੰ ਅੱਠ ਵਿਕਟਾਂ ਨਾਲ ਹਰਾ ਦਿੱਤਾ ਏ। ਇਸ ਜਿੱਤ ਦੇ ਨਾਲ, ਭਾਰਤ ਨੇ ਪੰਜ ਮੈਚਾਂ ਦੀ ਲੜੀ ਵਿੱਚ 3-0 ਦੀ ਜੇਤੂ ਲੀਡ ਲੈ ਲਈ ਏ। ਸ੍ਰੀਲੰਕਾ ਨੇ 20 ਓਵਰਾਂ ਵਿੱਚ ਸੱਤ ਵਿਕਟਾਂ ਦੇ ਨੁਕਸਾਨ 'ਤੇ 112 ਦੌੜਾਂ ਬਣਾਈਆਂ ਤੇ ਭਾਰਤ ਨੇ ਸਿਰਫ਼ 13 ਓਵਰਾਂ ਅਤੇ ਦੋ ਗੇਂਦਾਂ ਵਿੱਚ 115 ਦੌੜਾਂ ਬਣਾ ਕੇ ਮੈਚ ਜਿੱਤ ਲਿਆ। ਇਸ ਤੋਂ ਪਹਿਲਾਂ, ਭਾਰਤ ਨੇ ਐਤਵਾਰ ਨੂੰ ਪਹਿਲੇ ਮੈਚ ਵਿੱਚ ਸ੍ਰੀਲੰਕਾ ਨੂੰ ਅੱਠ

ਵਿਕਟਾਂ ਨਾਲ ਹਰਾਇਆ ਅਤੇ ਮੰਗਲਵਾਰ ਨੂੰ ਵਿਸ਼ਾਖਾਪਟਨਮ ਵਿੱਚ ਦੂਜਾ ਮੈਚ ਸੱਤ ਵਿਕਟਾਂ ਨਾਲ ਜਿੱਤਿਆ।

---------------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਅਗਲੇ ਤਿੰਨ ਤੋਂ ਚਾਰ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਨੇੜਲੇ ਇਲਾਕਿਆਂ ਵਿਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਸੰਭਾਵਨਾ ਜਤਾਈ ਏ। ਇਸ ਦੌਰਾਨ, ਦਿੱਲੀ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੀ ਸ਼੍ਰੇਣੀ ਵਿੱਚ ਰਹੀ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਅਨੁਸਾਰ, ਅੱਜ ਸਵੇਰੇ 7 ਵਜੇ ਰਾਸ਼ਟਰੀ ਰਾਜਧਾਨੀ ਵਿੱਚ ਔਸਤ ਹਵਾ ਗੁਣਵੱਤਾ ਸੂਚਕਾਂਕ 353 ਦਰਜ ਕੀਤਾ ਗਿਆ ਏ।

---------------------------------------------------------